## ਸ਼੍ਰੇਣੀ-ਸੱਤਵੀਂ
## ਪੰਜਾਬੀ (ਪਹਿਲੀ ਭਾਸ਼ਾ)

**ਲਿਖਣ-ਸਮਗਰੀ**

1. ਨਿਬੰਧ ਲਿਖਣ ਲਈ ਵਿਸ਼ੇ ਇਸ ਪ੍ਰਕਾਰ ਹੋ ਸਕਦੇ ਹਨ:
   - (i) ਪਰਿਵਾਰਿਕ ਆਲ਼ਾ-ਦੁਆਲ਼ਾ
   - (ii) ਸਕੂਲ-ਜੀਵਨ
   - (iii) ਖੇਡਾਂ, ਮੈਚ
   - (iv) ਕਿਸੇ ਮਹੱਤਵਪੂਰਨ ਰਸਮ ਦਾ ਵਰਨਣ, ਜਿਵੇਂ:-ਵੇਖੇ ਵਿਆਹ ਦਾ ਦ੍ਰਿਸ਼
   - (v) ਮਹਾਂਪੁਰਖਾਂ ਦੇ ਜੀਵਨ

ਨੋਟ : ਕੁਝ ਵਿਸ਼ੇ ਛੇਵੀਂ ਸ਼੍ਰੇਣੀ ਵਾਲ਼ੇ ਹੀ ਰੱਖ ਕੇ ਪਰ ਵਸਤੂ ਨੂੰ ਵਿਸਤਾਰ ਦੇ ਕੇ ਲਿਖਣ ਦਾ ਅਭਿਆਸ ਕਰਵਾਇਆ ਜਾਵੇਗਾ। ਸਾਲ ਵਿੱਚ ਲਗ-ਪਗ 12 ਨਿਬੰਧ ਲਿਖਾਏ ਜਾਣਗੇ।

2. **ਚਿੱਠੀਆਂ/ਬਿਨੈ-ਪੱਤਰ:** ਪਰਿਵਾਰਿਕ, ਸਮਾਜਿਕ ਜੀਵਨ ਦੀਆਂ ਵੱਖ-ਵੱਖ ਸਥਿਤੀਆਂ ਵਿੱਚ ਚਿੱਠੀਆਂ ਲਿਖਣ ਦਾ ਅਭਿਆਸ ਕਰਵਾਇਆ ਜਾਏਗਾ। ਚਿੱਠੀਆਂ ਵਿੱਚ ਪੇਸ਼ਕਾਰੀ, ਸੂਚਨਾ ਦੇਣ ਜਾਂ ਸਥਿਤੀ-ਵਰਨਣ ਵਾਲ਼ੀ ਹੀ ਹੋਵੇਗੀ।

   ਸਥਾਨਿਕ ਅਧਿਕਾਰੀਆਂ, ਜਿਵੇਂ ਬੀ. ਡੀ. ਓ., ਮਿਉਂਸਪਲ ਕਮੇਟੀ ਦਾ ਮੁਖੀ, ਸਰਪੰਚ, ਸਿਹਤ ਅਧਿਕਾਰੀ, ਪੋਸਟ- ਮਾਸਟਰ ਆਦਿ ਨੂੰ ਸੰਬੰਧਿਤ ਸਮੱਸਿਆਵਾਂ/ਮੰਗਾਂ ਬਾਰੇ ਬਿਨੈ-ਪੱਤਰ ਲਿਖਣ ਦਾ ਅਭਿਆਸ ਕਰਵਾਇਆ ਜਾਵੇ। ਚਿੱਠੀਆਂ/ਬਿਨੈ-ਪੱਤਰਾਂ ਦੀ ਗਿਣਤੀ ਲਗ-ਪਗ 10 ਹੋਵੇਗੀ।

3. ਪੰਜਾਬ ਅਤੇ ਭਾਰਤ ਦੇ ਸਾਂਸਕ੍ਰਿਤਿਕ ਜੀਵਨ ਵਿੱਚੋਂ ਸਦਾਚਾਰਿਕ ਕਦਰਾਂ-ਕੀਮਤਾਂ ਵਾਲ਼ੀਆਂ ਕਹਾਣੀਆਂ ਦੱਸ ਕੇ ਉਹਨਾਂ ਨੂੰ ਆਪਣੇ ਸ਼ਬਦਾਂ ਵਿੱਚ ਲਿਖਣ ਦਾ ਅਭਿਆਸ ਕਰਵਾਇਆ ਜਾਵੇਗਾ। ਕੁੱਲ ਕਹਾਣੀਆਂ 10 ਹੋਣਗੀਆਂ।

4. ਵਿਦਿਆਰਥੀ ਪਾਠ-ਪੁਸਤਕ ਦੇ ਪਾਠਾਂ ਬਾਰੇ ਪੁੱਛੇ ਪ੍ਰਸ਼ਨਾਂ ਦੇ ਉੱਤਰ ਅਤੇ ਹਰ ਪਾਠ ਪਿੱਛੇ ਦਿੱਤੇ ਅਭਿਆਸਾਂ ਵਿੱਚੋਂ ਪ੍ਰਸ਼ਨਾਂ ਦੇ ਉੱਤਰ ਲਿਖ ਸਕੇ।

5. **ਵਿਆਕਰਨ (ਪਾਠ-ਪੁਸਤਕ 'ਤੇ ਆਧਾਰਿਤ)**
   - (1) ਛੇਵੀਂ ਸ਼੍ਰੇਣੀ ਵਿੱਚ ਸਿੱਖੇ ਵਿਆਕਰਨ-ਅੰਸ਼ਾਂ ਦੀ ਪਕਿਆਈ।
   - (2) ਸਾਰੇ ਸ਼ਬਦ-ਭੇਦ।
   - (3) ਅਰਥ-ਬੋਧ:-ਸਮਾਨਅਰਥੀ ਸ਼ਬਦ,ਬਹੁ-ਅਰਥਕ ਸ਼ਬਦ, ਵਿਰੋਧੀ ਸ਼ਬਦ,ਬਹੁਤੇ ਸ਼ਬਦਾਂ ਦੀ ਥਾਂ ਇੱਕ ਸ਼ਬਦ ਦੀ ਵਰਤੋਂ ਕਰਨਾ।
   - (4) ਲਿੰਗ ਬਦਲੋ ਅਤੇ ਵਚਨ ਬਦਲੋ।

**ਨਿਯਤ ਪਾਠ-ਪੁਸਤਕਾਂ :**

**ਪੰਜਾਬੀ ਪੁਸਤਕ-7 (ਪਹਿਲੀ ਭਾਸ਼ਾ)**

**ਪੰਜਾਬੀ ਵਿਆਕਰਨ ਤੇ ਲੇਖ-ਰਚਨਾ (ਪੰਜਾਬ ਸਕੂਲ ਸਿੱਖਿਆ ਬੋਰਡ ਦਾ ਪ੍ਰਕਾਸ਼ਨ)**

**ਪ੍ਰਕਾਸ਼ਕ:- ਪੰਜਾਬ ਸਕੂਲ ਸਿੱਖਿਆ ਬੋਰਡ**

## ਸ਼੍ਰੇਣੀ- ਸੱਤਵੀ
## ਪੰਜਾਬੀ (ਦੂਜੀ ਭਾਸ਼ਾ)

**ਉਦੇਸ਼**

1. **ਪੜ੍ਹਾਈ**
   - (1) ਵਿਦਿਆਰਥੀ ਪੜ੍ਹਨ-ਸਮਗਰੀ ਨੂੰ ਬੋਲ ਕੇ ਅਤੇ ਚੁੱਪ-ਚਾਪ ਪੜ੍ਹ ਸਕੇ।
   - (2) ਉਹ ਵਿਸਰਾਮ ਚਿੰਨ੍ਹਾਂ ਅਨੁਸਾਰ ਅਤੇ ਸਹੀ ਉਚਾਰਨ ਨਾਲ਼ ਪੜ੍ਹ ਸਕੇ।
   - (3) ਉਹ ਛਪੀ ਸਮਗਰੀ ਤੋਂ ਇਲਾਵਾ ਹੱਥ-ਲਿਖਤ ਵੀ ਪੜ੍ਹ ਸਕੇ।
   - (4) ਉਹ ਹਿੰਦੀ ਤੇ ਪੰਜਾਬੀ ਦੀਆਂ ਧੁਨੀਆਂ ਵਿੱਚ ਨਿਖੇੜਾ ਕਰ ਸਕੇ।
   - (5) ਉਹ ਲੋੜ ਪੈਣ ‘ਤੇ ਪਾਠ-ਪੁਸਤਕ ਤੋਂ ਬਿਨਾਂ ਕਿਸੇ ਹੋਰ ਲਿਖਤ ਅਰਥਾਤ ਕਵਿਤਾ, ਕਹਾਣੀ,ਵਾਰਤਾ, ਸੂਚਨਾ ਆਦਿ ਨੂੰ ਠਰ੍ਹੰਮੇ ਤੇ ਵਹਾਅ ਨਾਲ਼ ਪੜ੍ਹ ਕੇ ਸੁਣਾ ਸਕੇ।

2 (ੳ) **ਗ੍ਰਹਿਣ ਕਰਨਾ (ਪੜ੍ਹ ਕੇ)**
   - (1) ਵਿਦਿਆਰਥੀ ਪਾਠ-ਪੁਸਤਕਾਂ ਵਿੱਚੋਂ ਕਿਸੇ ਪਾਠ ਨੂੰ ਪੜ੍ਹ ਕੇ ਉਸ ਦਾ ਸਾਰ ਦੱਸ ਸਕੇ।
   - (2) ਉਹ ਪੜ੍ਹੀ ਹੋਈ ਸਮਗਰੀ ਬਾਰੇ ਪੁੱਛੇ ਗਏ ਸਵਾਲਾਂ ਦਾ ਉੱਤਰ ਦੱਸ ਸਕੇ।

(ਅ) **ਗ੍ਰਹਿਣ ਕਰਨਾ (ਸੁਣ ਕੇ)**
   - (1) ਵਿਦਿਆਰਥੀ ਦੂਜਿਆਂ ਦੇ ਵਿਚਾਰਾਂ ਨੂੰ ਸੁਣ ਕੇ ਸਮਝ ਕੇ।
   - (2) ਉਹ ਬੋਲਣ ਵਾਲ਼ੇ ਦੇ ਸ਼ਬਦਾਂ ਵਿੱਚ ਲੁਕੇ ਵਿਅੰਗ ਆਦਿ ਨੂੰ ਸਮਝ ਅਤੇ ਸਲਾਹ ਸਕੇ।
   - (3) ਉਹ ਕਹਾਣੀਆਂ, ਚੁਟਕਲੇ, ਕਵਿਤਾਵਾਂ ਅਤੇ ਗੀਤਾਂ ਆਦਿ ਨੂੰ ਸੁਣ ਕੇ ਸਲਾਹ ਸਕੇ।

3 **ਪ੍ਰਗਟਾਅ**

(ੳ) **ਮੌਖਿਕ ਪ੍ਰਗਟਾਅ**
   - (1) ਵਿਦਿਆਰਥੀ ਆਪਣੇ ਵਿਚਾਰਾਂ ਨੂੰ ਸਰਲਤਾ ਅਤੇ ਰਵਾਨੀ ਨਾਲ਼ ਪ੍ਰਗਟ ਕਰ ਸਕੇ।
   - (2) ਉਹ ਆਪਣੇ ਆਲ਼ੇ-ਦੁਆਲ਼ੇ ਦੇ ਲੋਕਾਂ ਨਾਲ਼ ਗੱਲ-ਬਾਤ ਕਰ ਸਕੇ।
   - (3) ਉਹ ਕਿਸੇ ਜਾਣੀ-ਪਛਾਣੀ ਵਸਤੂ, ਥਾਂ ਜਾਂ ਵਿਸ਼ੇ ਬਾਰੇ ਆਪਣੇ ਵਿਚਾਰ ਪ੍ਰਗਟ ਕਰ ਸਕੇ।

(ਅ) **ਲਿਖਤੀ ਪ੍ਰਗਟਾਅ**
   - (1) ਵਿਦਿਆਰਥੀ ਗੁਰਮੁਖੀ ਲਿਪੀ ਦੇ ਅੱਖਰਾਂ ਨੂੰ ਸੋਹਣਾ ਕਰਕੇ ਲਿਖ ਸਕੇ।
   - (2) ਉਹ ਗੁਰਮੁਖੀ ਦੇ ਸ਼ਬਦ-ਜੋੜਾਂ ਨੂੰ ਦੇਵਨਾਗਰੀ ਦੇ ਸ਼ਬਦ-ਜੋੜਾਂ ਤੋਂ ਨਿਖੇੜ ਕੇ ਲਿਖ ਸਕੇ।
   - (3) ਉਹ ਪਾਠ-ਪੁਸਤਕ ਵਿੱਚੋਂ ਪੜ੍ਹੀ ਹੋਈ ਸਮਗਰੀ ਬਾਰੇ ਪੁੱਛੇ ਸਵਾਲਾਂ ਦੇ ਜਵਾਬ ਲਿਖ ਸਕੇ।
   - (4) ਉਹ ਆਪਣੇ ਆਲ਼ੇ-ਦੁਆਲ਼ੇ ਦੀਆਂ ਲੋੜਾਂ ਅਨੁਸਾਰ ਰੋਜ਼ਾਨਾ ਡਾਇਰੀ, ਸੂਚਨਾ ਆਦਿ ਨੂੰ ਲਿਖ ਸਕੇ।
   - (5) ਉਹ ਨਿੱਤ ਦੇ ਜੀਵਨ ਦੀ ਲੋੜ ਅਨੁਸਾਰ ਰੋਜ਼ਾਨਾ ਡਾਇਰੀ, ਸੂਚਨਾ ਆਦਿ ਨੂੰ ਲਿਖ ਸਕੇ।
   - (6) ਆਪਣੀ ਕਿਸੇ ਸਹੇਲੀ/ਮਿੱਤਰ ਤੇ ਸਾਕ ਸੰਬੰਧੀ ਨੂੰ ਚਿੱਠੀ ਆਦਿ ਲਿਖ ਸਕੇ।

ਮਿਡਲ ਸ਼੍ਰੇਣੀ ਵਿੱਚ ਪੰਜਾਬੀ (ਦੂਜੀ ਭਾਸ਼ਾ) ਦੀ ਲਿਖਣ ਸਮਗਰੀ ਵਿਸ਼ਾ-ਵਸਤੂ ਦੇ ਰੂਪ ਹੇਠ ਲਿਖੇ ਹੋਣਗੇ:

ਲੇਖ, ਚਿੱਠੀ/ਬਿਨੈ-ਪੱਤਰ, ਕਹਾਣੀ, ਕਵਿਤਾ, ਸਫ਼ਰ, ਘਟਨਾ ਜਾਂ ਦ੍ਰਿਸ਼-ਵਰਨਣ, ਪ੍ਰਸ਼ਨਾਂ ਦੇ ਉੱਤਰ, ਰੋਜ਼ਾਨਾ ਡਾਇਰੀ ਆਦਿ।

**ਲਿਖਣ ਸਮਗਰੀ**

**ਨਿਬੰਧ** : ਨਿਬੰਧ ਲਿਖਣ ਲਈ ਵਿਸ਼ੇ ਛੇਵੀਂ ਸ਼੍ਰੇਣੀ ਵਾਲ਼ੇ ਹੀ ਰੱਖ ਕੇ ਪਰੰਤੂ ਵਸਤੂ ਨੂੰ ਵਿਸਥਾਰ ਦੇ ਕੇ ਲਿਖਣ ਦਾ ਅਭਿਆਸ ਕਰਾਉਣਾ। ਸਾਲ ਵਿੱਚ ਲਗ-ਪਗ 12 ਨਿਬੰਧ ਲਿਖਵਾਉਣ ਦਾ ਅਭਿਆਸ ਕਰਵਾਇਆ ਜਾਵੇ।

**ਚਿੱਠੀਆਂ** : ਪਰਿਵਾਰਕ/ਸਮਾਜਿਕ ਜੀਵਨ ਨਾਲ਼ ਸੰਬੰਧਿਤ ਸਥਿਤੀਆਂ ਬਾਰੇ ਚਿੱਠੀ ਲਿਖਣ ਦਾ ਅਭਿਆਸ ਕਰਾਉਣਾ। ਚਿੱਠੀਆਂ ਵਿੱਚ ਪੇਸ਼ਕਾਰੀ, ਸੂਚਨਾ ਜਾਂ ਸਥਿਤੀ ਵਰਨਣ ਵਾਲ਼ੀ ਹੀ ਹੋਵੇਗੀ।

**ਬਿਨੈ-ਪੱਤਰ** : ਮੁੱਖ ਅਧਿਆਪਕ ਨੂੰ ਛੁੱਟੀ, ਜੁਰਮਾਨਾ-ਮਾਫ਼ੀ ਆਦਿ ਲਈ ਅਤੇ ਸਥਾਨਿਕ ਅਧਿਕਾਰੀਆਂ ਜਿਵੇਂ ਬੀ. ਡੀ. ਓ./ਸਰਪੰਚ ਜਾਂ ਮਿਉਂਸਪਲ ਕਮੇਟੀ ਦੇ ਮੁਖੀ, ਸਿਹਤ-ਅਧਿਕਾਰੀ, ਪੋਸਟ ਮਾਸਟਰ ਆਦਿ ਨੂੰ ਸੰਬੰਧਤ ਸਮੱਸਿਆਵਾਂ ਜਾਂ ਮੰਗਾਂ ਬਾਰੇ ਬਿਨੈ ਪੱਤਰ ਲਿਖਣਾ। ਇਸ ਸ਼੍ਰੇਣੀ ਵਿੱਚ ਚਿੱਠੀਆਂ ਅੇਤ ਬਿਨੈ-ਪੱਤਰਾਂ ਦੀ ਗਿਣਤੀ ਲਗ-ਪਗ 10 ਹੋਵੇਗੀ।

**ਕਹਾਣੀਆਂ** : ਪੰਜਾਬ ਅਤੇ ਭਾਰਤ ਦੇ ਸੱਭਿਆਚਾਰਿਕ ਜੀਵਨ ਵਿੱਚੋਂ ਨੈਤਿਕ ਕਦਰਾਂ-ਕੀਮਤਾਂ ਵਾਲ਼ੀਆਂ ਅਧਿਆਪਕ ਦੁਆਰਾ ਸੁਣਾਈਆਂ ਕਹਾਣੀਆਂ ਨੂੰ ਮੁੜ ਆਪਣੇ ਸ਼ਬਦਾਂ ਵਿੱਚ ਲਿਖਣਾ। ਅਜਿਹੀਆਂ 5 ਕਹਾਣੀਆਂ ਲਿਖਵਾਉਣ ਦਾ ਅਭਿਆਸ ਕਰਵਾਇਆ ਜਾਵੇ।

**ਪਾਠ-ਅਭਿਆਸ** : ਪਾਠ-ਪੁਸਤਕ ਵਿੱਚੋਂ ਪੁੱਛੇ ਗਏ ਪ੍ਰਸ਼ਨਾਂ ਦੇ ਉੱਤਰ ਤੇ ਪਾਠਾਂ ਦੇ ਸਾਰ ਲਿਖਣੇ। ਹਿੰਦੀ ਤੋਂ ਪੰਜਾਬੀ ਅਤੇ ਪੰਜਾਬੀ ਤੋਂ ਹਿੰਦੀ ਵਿੱਚ ਅਨੁਵਾਦ ਕਰਨ ਦਾ ਅਭਿਆਸ ਇਹਨਾਂ ਪਾਠਾਂ ਦੇ ਨਾਲ਼-ਨਾਲ਼ ਕਰਵਾਇਆ ਜਾਵੇ।

**ਵਿਆਕਰਨ : ਛੇਵੀਂ ਸ਼੍ਰੇਣੀ ਵਿੱਚ ਮਿਥੇ ਵਿਆਕਰਨ- ਅੰਸ਼ਾਂ ਦੀ ਪਕਿਆਈ ਦੇ ਨਾਲ਼-ਨਾਲ਼ ਸਰਲ ਮੁਹਾਵਰਿਆਂ ਅਤੇ ਅਖਾਣਾਂ ਦੀ ਵਰਤੋਂ ਕਰਨੀ ਸਿਖਾਉਣਾ।**

**ਪਾਠ-ਪੁਸਤਕ : ਪੰਜਾਬੀ ਪਾਠ-ਪੁਸਤਕ-7 (ਦੂਜੀ ਭਾਸ਼ਾ) (ਪੰਜਾਬ ਸਕੂਲ ਸਿੱਖਿਆ ਬੋਰਡ ਦਾ ਪ੍ਰਕਾਸ਼ਨ)**